# ਪੰਜਾਬ ਵਿਧਾਨ ਸਭਾ

-----------

## 16ਵੀਂ ਪੰਜਾਬ ਵਿਧਾਨ ਸਭਾ

## ਛੇਵਾਂ (ਬਜਟ) ਸਮਾਗਮ

-----------

## ਕਾਰਜ ਸੂਚੀ

07 ਮਾਰਚ, 2024

10:00 ਵਜੇ ਸਵੇਰੇ

1. ਪ੍ਰਸ਼ਨ

(1) ਵੱਖ ਸੂਚੀ ਵਿੱਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਜਵਾਬ ਦਿੱਤੇ ਜਾਣਗੇ।

2. ਧਿਆਨ ਦਿਵਾਊ ਨੋਟਿਸ

(1)

- ਸਰਦਾਰ ਮਨਪ੍ਰੀਤ ਸਿੰਘ ਇਯਾਲੀ, ਐਮ.ਐਲ.ਏ
- ਡਾਕਟਰ ਸੁਖਵਿੰਦਰ ਕੁਮਾਰ ਸੁੱਖੀ, ਐਮ.ਐਲ.ਏ:-
- ਸ਼੍ਰੀਮਤੀ ਗਨੀਵ ਕੌਰ ਮਜੀਠੀਆ, ਐਮ.ਐਲ.ਏ:- ਮਾਲ ਮੰਤਰੀ ਦਾ ਧਿਆਨ ਰਾਜ ਵਿੱਚ ਹਾਲ ਹੀ ਵਿੱਚ ਹੋਈ ਗੜ੍ਹੇਮਾਰੀ ਅਤੇ ਤੇਜ਼ ਹਵਾਵਾਂ ਕਾਰਨ ਕਣਕ ਤੇ ਆਲੂ ਦੀਆਂ ਫਸਲਾਂ ਨੂੰ ਹੋਏ ਨੁਕਸਾਨ ਵੱਲ ਦਿਵਾਉਣਗੇ ।

(ਨੰ. 25 ਅਤੇ 26)

3. ਮਤੇ

(1)

| | | |
|---|---|---|
| 1. | ਡਾਕਟਰ ਸੁਖਵਿੰਦਰ ਕੁਮਾਰ ਸੁੱਖੀ , ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਸਿਫ਼ਾਰਸ਼ ਕਰਦਾ ਹੈ ਕਿ ਸੂਬੇ ਦੇ ਗੰਧਲੇ ਹੋ ਰਹੇ ਵਾਤਾਵਰਣ ਕਾਰਨ ਮਨੁੱਖਤਾ ਅਤੇ ਪਸ਼ੂਆਂ-ਪੰਛੀਆਂ ਤੇ ਪੈਣ ਵਾਲੇ ਖ਼ਤਰਨਾਕ ਪ੍ਰਭਾਵਾਂ ਤੋਂ ਬਚਾਉਣ ਲਈ ਰਾਜ ਵਿੱਚ ਵੱਧ ਤੋਂ ਵੱਧ ਰੁੱਖ ਲਗਾਉਣ ਤੇ ਉਨ੍ਹਾਂ ਦੀ ਸਾਂਭ-ਸੰਭਾਲ ਅਤੇ ਪਹਿਲਾਂ ਤੋਂ ਲੱਗੇ ਹੋਏ ਦਰਖੱਤਾਂ ਦੀ ਨਜਾਇਜ਼ ਕਟਾਈ ਨੂੰ ਰੋਕਣ ਲਈ ਇੱਕ ਢੁੱਕਵਾਂ ਕਾਨੂੰਨ ਬਣਾਉਣ ਲਈ ਅਸਰਦਾਰ ਕਦਮ ਚੁੱਕੇ ਜਾਣ । |
| 2. | ਸਰਦਾਰ ਮਨਪ੍ਰੀਤ ਸਿੰਘ ਇਯਾਲੀ,ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫ਼ਾਰਸ਼ ਕਰਦਾ ਹੈ ਕਿ ਰਾਜ ਵਿੱਚ ਹੋ ਰਹੇ ਸੜਕ ਹਾਦਸਿਆਂ ਵਿੱਚ ਬਹੁ-ਗਿਣਤੀ ਵਿੱਚ ਹੋ ਰਹੀਆਂ ਮੌਤਾਂ ਨੂੰ ਰੋਕਣ ਲਈ ਅਸਰਦਾਰ ਕਦਮ ਚੁੱਕੇ ਜਾਣ । |
| 3. | ਸ਼੍ਰੀਮਤੀ ਅਰੁਣਾ ਚੌਧਰੀ , ਐਮ.ਐਲ.ਏ<br>- | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫ਼ਾਰਸ਼ ਕਰਦਾ ਹੈ ਕਿ ਰਾਜ ਵਿੱਚ ਕਿਸਾਨ ਭਾਈਚਾਰੇ ਦੀ ਆਮਦਨ ਵਿੱਚ ਸੁਧਾਰ ਕਰਨ ਲਈ ਚੁੱਕੇ ਜਾ ਰਹੇ ਕਦਮਾਂ ਬਾਰੇ ਵਿਚਾਰ ਕੀਤਾ ਜਾਵੇ । |

| | | |
|---|---|---|
| 4. | ਡਾਕਟਰ ਸੁਖਵਿੰਦਰ ਕੁਮਾਰ ਸੁੱਖੀ , ਐਮ.ਐਲ.ਏ - | ਇਹ ਸਦਨ ਸਰਬਸੰਮਤੀ ਨਾਲ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਵੱਖ-ਵੱਖ ਸਿਆਸੀ ਪਾਰਟੀਆਂ ਵੱਲੋਂ ਆਪਣੇ ਚੋਣ ਮਨੋਰਥ ਪੱਤਰਾਂ ਵਿੱਚ ਆਮ ਲੋਕਾਂ ਨਾਲ ਕੀਤੇ ਜਾਂਦੇ ਵਾਅਦੇ ਪਾਰਟੀ ਦੀ ਸਰਕਾਰ ਬਣਨ ਉਪਰੰਤ ਅਜਿਹੇ ਵਾਅਦੇ ਕਾਨੂੰਨੀ ਤੌਰ ਤੇ ਪੂਰੇ ਕਰਨ ਲਈ ਪਾਬੰਦ ਹੋਣ ਲਈ ਇੱਕ ਢੁੱਕਵਾਂ ਕਾਨੂੰਨ ਬਣਾਉਣ ਲਈ ਮਾਮਲਾ ਕੇਂਦਰ ਸਰਕਾਰ ਕੋਲ ਉਠਾਇਆ ਜਾਵੇ । |
| 5. | ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਸੂਬੇ ਵਿੱਚ ਵਿਕਾਸ ਕਾਰਜਾਂ ਲਈ ਫੰਡਾਂ ਦੀ ਉਪਲੱਬਧਤਾ ਨੂੰ ਯਕੀਨੀ ਬਣਾਉਣ ਅਤੇ ਮਾਈਨਿੰਗ ਤੋਂ ਮਾਲੀਏ ਦੇ ਪ੍ਰਵਾਹ ਨੂੰ ਪ੍ਰਭਾਵਿਤ ਕਰਨ ਵਾਲੀਆਂ ਖਾਮੀਆਂ ਨੂੰ ਰੋਕਣ ਲਈ ਪ੍ਰਭਾਵੀ ਕਦਮ ਚੁੱਕੇ ਜਾਣ। |
| 6. | ਸ੍ਰੀਮਤੀ ਅਰੁਣਾ ਚੌਧਰੀ , ਐਮ.ਐਲ.ਏ - | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਖਪਤਕਾਰਾਂ ਦੇ ਹੋਰ ਵਰਗਾਂ ਤੇ ਵਾਧੂ ਟੈਕਸ ਤੋਂ ਬਿਨਾਂ ਬਿਜਲੀ ਦੀ ਮੁਫ਼ਤ ਸਪਲਾਈ ਨੂੰ ਯਕੀਨੀ ਬਣਾਉਣ ਅਤੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਨੂੰ ਕਰਜ਼ੇ ਦੇ ਚੱਕਰ ਵਿੱਚ ਫਸਣ ਤੋਂ ਰੋਕਣ ਲਈ ਪ੍ਰਭਾਵੀ ਕਦਮ ਚੁੱਕੇ ਜਾਣ । |
| 7. | ਡਾਕਟਰ ਸੁਖਵਿੰਦਰ ਕੁਮਾਰ ਸੁੱਖੀ , ਐਮ.ਐਲ.ਏ - | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸ਼ਿਫਾਰਸ ਕਰਦਾ ਹੈ ਕਿ ਰਾਜ ਦੇ ਵਿਭਾਗਾਂ/ਬੋਰਡਾਂ/ ਕਾਰਪੋਰੇਸ਼ਨਾਂ ਵਿੱਚ ਠੇਕੇਦਾਰੀ ਪ੍ਰਣਾਲੀ ਰਾਹੀਂ ਅਤੇ ਰਿਟਾਇਰਡ ਪੈਨਸ਼ਨਰ ਕਰਮਚਾਰੀਆਂ ਦੀ ਮੁੜ ਕੀਤੀ ਜਾਂਦੀ ਭਰਤੀ ਤੇ ਪਹਿਲਾਂ ਤੋਂ ਐਲਾਨੇ ਹੋਏ ਪ੍ਰੋਗਰਾਮ ਅਨੁਸਾਰ ਸਰਕਾਰ, ਮੁਕੰਮਲ ਤੌਰ ਤੇ ਪਾਬੰਦੀ ਲਗਾਏ ਅਤੇ ਖਾਲੀ ਅਸਾਮੀਆਂ ਤੇ ਰਾਜ ਦੇ ਯੋਗ ਨੌਜਵਾਨਾਂ ਨੂੰ ਪੱਕੀਆਂ ਨੌਕਰੀਆਂ ਦੇਣ ਲਈ ਸਪੈਸ਼ਲ ਭਰਤੀ ਡ੍ਰਾਈਵ ਦੀ ਤੁਰੰਤ ਸ਼ੁਰੂਆਤ ਕਰਨ ਲਈ ਕਦਮ ਚੁੱਕੇ ਜਾਣ । |
| 8. | ਡਾਕਟਰ ਸੁਖਵਿੰਦਰ ਕੁਮਾਰ ਸੁੱਖੀ , ਐਮ.ਐਲ.ਏ - | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਦੇ ਪ੍ਰਭਾਵ ਤੋਂ ਲੱਗੀਆਂ ਭਿਆਨਕ ਬਿਮਾਰੀਆਂ ਕਾਰਨ ਉਨ੍ਹਾਂ ਦੀਆਂ ਹੋ ਰਹੀਆਂ ਦੁਖਦਾਈ ਮੌਤਾਂ ਨੂੰ ਰੋਕਣ ਲਈ ਸਰਕਾਰ ਵੱਲੋਂ ਢੁੱਕਵੇਂ ਉਪਰਾਲੇ ਕੀਤੇ ਜਾਣ । |

ਰਾਮ ਲੋਕ ਖਟਾਣਾ
ਸਕੱਤਰ
ਪੰਜਾਬ ਵਿਧਾਨ ਸਭਾ

ਚੰਡੀਗੜ੍ਹ -160001
ਮਿਤੀ:੦੬ ਮਾਰਚ ੨੦੨੪ ਬੁੱਧਵਾਰ